


ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post




To view our online newspaper visit **punjabipost.ca/epaper** | **Vol 23* Issue 25** | **Monday, February 05, 2024** | **Tel: 905-793-2202 | Fax: 905-793-2282 | news@punjabipost.ca** | ਤੁਸੀਂ 'ਪੰਜਾਬੀ ਪੋਸਟ' *Online*ਰੋਜ਼ਾਨਾ ਪੜ੍ਹ ਸਕਦੇ ਹੋ

# 2026 ਫੀਫਾ ਵਰਲਡ ਕੱਪ ਦੀ ਮੇਜ਼ਬਾਨੀ ਕੈਨੇਡਾ, ਅਮਰੀਕਾ ਤੇ ਮੈਕਸਿਕੋ ਕਰਨਗੇ

ਟੋਰਾਂਟੋ, 4 ਫਰਵਰੀ (ਪੋਸਟ ਬਿਊਰੋ) : ਐਤਵਾਰ ਨੂੰ ਫੀਫਾ ਵੱਲੋਂ 2026 ਵਿੱਚ ਹੋਣ ਵਾਲੇ ਵਿਸ਼ਵ ਕੱਪ ਦਾ ਸ਼ਡਿਊਲ ਜਾਰੀ ਕੀਤਾ ਗਿਆ। ਇਸ ਵਿੱਚ ਦੱਸਿਆ ਗਿਆ ਕਿ 13-13 ਮੈਚ ਕੈਨੇਡਾ ਤੇ ਮੈਕਸਿਕੋ ਵਿੱਚ ਖੇਡੇ ਜਾਣਗੇ ਜਦਕਿ ਬਾਕੀ ਦੇ 78 ਮੈਚ ਅਮਰੀਕਾ ਵਿੱਚ ਖੇਡੇ ਜਾਣਗੇ।

45 ਦੇਸ਼ਾਂ ਵੱਲੋਂ ਪੁਰਸ਼ਾਂ ਦੇ ਇਸ ਫੁੱਟਬਾਲ ਵਿਸ਼ਵ ਕੱਪ ਲਈ ਅਜੇ ਕੁਆਲੀਫਾਈ ਕੀਤਾ ਜਾਣਾ ਬਾਕੀ ਹੈ ਤੇ ਇਸ ਲਈ ਪੂਰੀ ਤਸਵੀਰ ਦਸੰਬਰ 2025 ਦੇ ਸ਼ੁਰੂ ਵਿੱਚ ਟੂਰਨਾਮੈਂਟ ਦੇ ਡਰਾਅ ਕੱਢੇ ਜਾਣ ਤੋਂ ਬਾਅਦ ਹੀ ਸਾਹਮਣੇ ਆਵੇਗੀ। ਐਤਵਾਰ ਨੂੰ ਜਾਰੀ ਕੀਤੀ ਗਈ ਰਿਪੋਰਟ ਵਿੱਚ ਉਨ੍ਹਾਂ ਸ਼ਹਿਰਾਂ ਦੇ ਨਾਂ ਦੱਸੇ ਗਏ ਜਿੱਥੇ ਵਰਲਡ ਕੱਪ ਦੇ ਮੈਚ ਹੋਣੇ ਹਨ। ਦੁਨੀਆਂ ਵਿੱਚ 15ਵੇਂ ਰੈਂਕ ਉੱਤੇ ਸਥਿਤ ਮੈਕਸਿਕੋ ਵਿੱਚ ਮੈਕਸਿਕੋ ਸਿਟੀ ਦੇ ਐਜਟੇਕਾ ਸਟੇਡੀਅਮ ਵਿੱਚ 11 ਜੂਨ ਤੋਂ 48 ਟੀਮਾਂ ਦਰਮਿਆਨ ਮੈਚ ਖੇਡੇ ਜਾਣਗੇ। ਇਸੇ ਦਿਨ ਦੂਜੀ ਗੇਮ ਗੁਆਡਾਲਾਜ਼ਾਰਾ ਵਿੱਚ ਹੋਵੇਗੀ। 48ਵੇਂ ਰੈਂਕ ਉੱਤੇ ਮੌਜੂਦ ਕੈਨੇਡਾ ਵਿੱਚ ਟੋਰਾਂਟੋ ਦੇ ਬੀਐਮਓ ਫੀਲਡ ਤੋਂ 12 ਜੂਨ ਨੂੰ ਮੈਚ ਖੇਡਣ ਦਾ ਸਿਲਸਿਲਾ ਸ਼ੁਰੂ ਹੋਵੇਗਾ। ਫੀਫਾ ਦੇ ਪ੍ਰੈਜ਼ੀਡੈਂਟ ਗਿਆਨੀ



ਇਨਫੈਨਟਿਨੋ ਨੇ ਦੱਸਿਆ ਕਿ 12ਵੇਂ ਰੈਂਕ ਉੱਤੇ ਮੌਜੂਦ ਅਮਰੀਕਾ ਦੀ ਮੁਹਿੰਮ ਵੀ ਉਸੇ ਦਿਨ ਇੰਗਲਵੁੱਡ, ਕੈਲੇਫੋਰਨੀਆ ਦੇ ਸੋਫੀ ਸਟੇਡੀਅਮ ਤੋਂ ਸ਼ੁਰੂ ਹੋਵੇਗੀ। ਕੈਨੇਡਾ ਵਿੱਚ ਟੋਰਾਂਟੋ ਤੋਂ ਲੈ ਕੇ ਵੈਨਕੂਵਰ ਤੱਕ 10 ਸ਼ੁਰੂਆਤੀ ਮੈਚ ਖੇਡੇ ਜਾਣਗੇ, ਜਿਨ੍ਹਾਂ ਵਿੱਚੋਂ ਸ਼ੁਰੂਆਤੀ ਰਾਊਂਡ ਦੇ ਦੋ ਹੋਰ ਮੈਚ 18 ਤੇ 24 ਜੂਨ ਨੂੰ ਬੀਸੀ ਪਲੇਸ ਸਟੇਡੀਅਮ ਵਿੱਚ ਹੋਣਗੇ।

ਟੂਰਨਾਮੈਂਟ ਦੇ ਕੁਆਰਟਰਫਾਈਨਲਜ਼ ਬੋਸਟਨ, ਕੈਂਸਾਸ ਸਿਟੀ, ਲਾਸ ਏਂਜਲਸ ਤੇ ਮਾਇਆਮੀ ਵਿੱਚ ਹੋਣਗੇ ਤੇ ਸੈਮੀਫਾਈਨਲ ਐਟਲਾਂਟਾ ਤੇ ਡੱਲਾਸ ਵਿੱਚ ਹੋਣਗੇ। ਫਾਈਨਲ ਮੁਕਾਬਲਾ 19 ਜੁਲਾਈ ਨੂੰ ਈਸਟ ਰੁਦਰਫੋਰਡ, ਨਿਊ ਜਰਸੀ ਦੇ ਮੈੱਟਲਾਈਫ ਸਟੇਡੀਅਮ ਵਿੱਚ ਹੋਵੇਗਾ ਜਦਕਿ ਦੂਜੇ ਸਥਾਨ ਲਈ ਮੁਕਾਬਲਾ ਮਾਇਆਮੀ ਗਾਰਡਨਜ਼, ਫਲੋਰਿਡਾ ਦੇ ਹਾਰਡ ਰੌਕ ਸਟੇਡੀਅਮ ਵਿੱਚ ਖੇਡਿਆ ਜਾਵੇਗਾ।2026 ਵਿੱਚ ਹੋਣ ਜਾ ਰਹੇ ਫੀਫਾ ਵਰਲਡ ਕੱਪ ਦੇ ਕੈਨੇਡਾ ਵਿੱਚ ਹੋਣ ਵਾਲੇ ਮੈਚਾਂ ਦਾ ਵੇਰਵਾ ਹੇਠ ਲਿਖੇ ਅਨੁਸਾਰ ਹੈ :

Toronto, BMO Field
Group Stage: June 12 (Canada's first group game), 17, 20, 23 and 26.
Round-of-32: July 2.

Vancouver, B.C. Place Stadium
Group stage: June 13, 18 (Canada's second group game), 21, 24 (Canada's third group game) and 26.
Round-of-32: July 2.
Round-of-16: July 7.




# ਛੁਰੇਬਾਜ਼ੀ ਵਿੱਚ ਇੱਕ ਗੰਭੀਰ ਜ਼ਖ਼ਮੀ, ਦੋ ਹਿਰਾਸਤ ਵਿੱਚ

ਟੋਰਾਂਟੋ, 4 ਫਰਵਰੀ (ਪੋਸਟ ਬਿਊਰੋ) : ਰੌਨਸੈੱਸਵਾਲਜ਼ ਵਿੱਚ ਛੁਰੇਬਾਜ਼ੀ ਦੀ ਵਾਪਰੀ ਘਟਨਾ ਵਿੱਚ ਇੱਕ ਵਿਅਕਤੀ ਜ਼ਖ਼ਮੀ ਹੋ ਗਿਆ ਤੇ ਦੋ ਵਿਅਕਤੀਆਂ ਨੂੰ ਇਸ ਸਬੰਧ ਵਿੱਚ ਹਿਰਾਸਤ ਵਿੱਚ ਲੈ ਲਿਆ ਗਿਆ ਹੈ।

ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ ਸ਼ਾਮੀਂ 7:00 ਵਜੇ ਟੀਟੀਸੀ ਸਟਰੀਟਕਾਰ ਉੱਤੇ ਹਈ ਛੁਰੇਬਾਜ਼ੀ ਦੀਆਂ ਖਬਰਾਂ ਦੇ ਕੇ ਡੰਡਾਸ ਸਟਰੀਟ ਵੈਸਟ ਤੇ ਰੌਨਸੈੱਸਵਾਲਜ਼ ਐਵਨਿਊ ਸੱਦਿਆ ਗਿਆ। ਜਦੋਂ ਪੁਲਿਸ ਮੌਕੇ ਉੱਤੇ ਪਹੁੰਚੀ ਤਾਂ ਉਨ੍ਹਾਂ ਨੂੰ ਇੱਕ ਵਿਅਕਤੀ, ਜੋ ਕਿ ਆਪਣੇ 40ਵਿਆਂ ਵਿੱਚ ਸੀ, ਚਾਕੂ ਲੱਗਣ ਕਾਰਨ ਜ਼ਖ਼ਮੀ ਹਾਲਤ ਵਿੱਚ ਮਿਲਿਆ।



ਪੈਰਾਮੈਡਿਕਸ ਵੱਲੋਂ ਉਸ ਵਿਅਕਤੀ ਨੂੰ ਨਾਜ਼ੁਕ ਹਾਲਤ ਵਿੱਚ ਨੇੜਲੇ ਟਰੌਮਾ ਸੈਂਟਰ ਲਿਜਾਇਆ ਗਿਆ। ਪੁਲਿਸ ਨੇ ਦੱਸਿਆ ਕਿ ਇੱਕ 21 ਸਾਲਾ ਮਹਿਲਾ ਤੇ ਇੱਕ ਵਿਅਕਤੀ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਹੈ। ਵਿਅਕਤੀ ਨੂੰ ਮਾਮੂਲੀ ਜ਼ਖ਼ਮਾਂ ਦੇ ਇਲਾਜ ਲਈ ਹਸਪਤਾਲ ਲਿਜਾਇਆ ਗਿਆ।

# ਹਾਦਸੇ ਵਿੱਚ 2 ਜ਼ਖ਼ਮੀ, 1 ਦੀ ਹਾਲਤ ਨਾਜ਼ੁਕ

ਟੋਰਾਂਟੋ, 4 ਫਰਵਰੀ (ਪੋਸਟ ਬਿਊਰੋ) : ਐਤਵਾਰ ਸਵੇਰੇ ਟੋਰਾਂਟੋ ਦੇ ਪੱਛਮੀ ਸਿਰੇ ਉੱਤੇ ਹੋਏ ਹਾਦਸੇ ਵਿੱਚ ਦੋ ਵਿਅਕਤੀ ਜ਼ਖ਼ਮੀ ਹੋ ਗਏ। ਇਲਾਜ ਲਈ ਉਨ੍ਹਾਂ ਨੂੰ ਹਸਪਤਾਲ ਲਿਜਾਇਆ ਗਿਆ।

ਸਵੇਰੇ 6:30 ਵਜੇ ਤੋਂ ਪਹਿਲਾਂ ਰੈਕਸਡੇਲ ਬੁਲੇਵਾਰਡ ਦੇ ਉੱਤਰ ਵੱਲ ਮਾਰਟਿਨ ਗ੍ਰੋਵ ਤੇ ਪੋਰਟਰਫੀਲਡ ਰੋਡਜ਼ ਇਲਾਕੇ ਵਿੱਚ ਐਮਰਜੰਸੀ ਅਮਲੇ ਨੂੰ ਸੱਦਿਆ ਗਿਆ। ਪੁਲਿਸ ਵੱਲੋਂ ਜਾਰੀ ਕੀਤੀ ਗਈ ਰਲੀਜ਼ ਵਿੱਚ ਦੱਸਿਆ ਗਿਆ ਕਿ ਇੱਕ 19 ਸਾਲਾ ਵਿਅਕਤੀ 2022 ਮਾਡਲ ਦੀ ਸਿਲਵਰ ਰੰਗ ਦੀ ਨਿਸਨ ਰੋਗ ਵਿੱਚ ਮਾਰਟਿਨ ਗ੍ਰੋਵ ਰੋਡ ਉੱਤੇ ਉੱਤਰ ਵੱਲ ਜਾ ਰਿਹਾ ਸੀ ਜਦੋਂ ਗੱਡੀ ਸੜਕ ਤੋਂ ਉਤਰ ਕੇ ਇੱਕ ਰੁੱਖ ਨਾਲ ਜਾ ਟਕਰਾਈ।

ਟੋਰਾਂਟੋ ਪੈਰਾਮੈਡਿਕ ਸਰਵਿਸਿਜ਼ ਦੇ ਬੁਲਾਰੇ ਨੇ ਦੱਸਿਆ ਕਿ ਗੱਡੀ ਵਿੱਚ ਸਵਾਰ 20 ਸਾਲਾ ਪੈਸੈਂਜਰ ਨੂੰ ਏਅਰਲਿਫਟ ਕਰਕੇ ਟਰੌਮਾ ਸੈਂਟਰ ਲਿਜਾਇਆ ਗਿਆ ਜਿੱਥੇ ਉਸ ਦੀ ਹਾਲਤ ਨਾਜ਼ੁਕ ਦੱਸੀ ਜਾਂਦੀ ਹੈ। ਡਰਾਈਵਰ ਨੂੰ ਵੀ ਹਸਪਤਾਲ ਲਿਜਾਇਆ ਗਿਆ ਪਰ ਉਸ ਨੂੰ ਕੋਈ ਬਹੁਤੀਆਂ ਸੱਟਾਂ ਨਹੀਂ ਲੱਗੀਆਂ।




ਟੋਰਾਂਟੋ ਪੁਲਿਸ ਦੇ ਅਧਿਕਾਰੀਆਂ ਨੇ ਸ਼ੁਰੂ ਵਿੱਚ ਆਖਿਆ ਕਿ ਪਹਿਲਾਂ ਇਸ ਨੂੰ ਦੋ ਗੱਡੀਆਂ ਵਿੱਚ ਹੋਈ ਟੱਕਰ ਦੱਸਿਆ ਗਿਆ ਸੀ ਪਰ ਐਤਵਾਰ ਸਵੇਰੇ ਦਿੱਤੀ ਗਈ ਅਪਡੇਟ ਵਿੱਚ ਦੱਸਿਆ ਗਿਆ ਕਿ ਇਹ ਹਾਦਸਾ ਇੱਕਲੀ ਗੱਡੀ ਨਾਲ ਵਾਪਰਿਆ। ਸਬੂਤ ਇੱਕਠੇ ਕਰਨ ਲਈ ਟੋਰਾਂਟੋ ਪੁਲਿਸ ਅਧਿਕਾਰੀਆਂ ਵੱਲੋਂ ਮਾਰਟਿਨ ਗ੍ਰੋਵ ਰੋਡ ਨੂੰ ਪੋਰਟਰਫੀਲਡ ਰੋਡ ਤੇ ਜੈਫਕੋਟ ਡਰਾਈਵ ਦਰਮਿਆਨ ਬੰਦ ਕਰ ਦਿੱਤਾ ਗਿਆ ਹੈ। ਬਾਅਦ ਵਿੱਚ ਇਸ ਇਲਾਕੇ ਨੂੰ ਆਵਾਜਾਈ ਲਈ ਖੋਲ੍ਹ ਦਿੱਤਾ ਗਿਆ।



















# 2 ਗੱਡੀਆਂ ਦੀ ਟੱਕਰ ਵਿੱਚ ਇੱਕ ਮਹਿਲਾ ਜ਼ਖ਼ਮੀ



ਨੌਰਥ ਯੌਰਕ, 4 ਫਰਵਰੀ (ਪੋਸਟ ਬਿਊਰੋ) : ਐਤਵਾਰ ਦੁਪਹਿਰ ਨੂੰ ਦੋ ਗੱਡੀਆਂ ਦਰਮਿਆਨ ਹੋਈ ਟੱਕਰ ਤੋਂ ਬਾਅਦ ਨੌਰਥ ਯੌਰਕ ਵਿੱਚ ਸਟੀਲਜ਼ ਐਵਨਿਊ ਵੈਸਟ ਦੇ ਇੱਕ ਹਿੱਸੇ ਨੂੰ ਬੰਦ ਕਰ ਦਿੱਤਾ ਗਿਆ।

ਨੌਰਥ ਯੌਰਕ ਦੇ ਹਿਡਨ ਟਰੇਲ ਤੇ ਸਟੀਲਜ਼ ਐਵਨਿਊ ਵੈਸਟ ਇਲਾਕੇ ਵਿੱਚ ਦੁਪਹਿਰੇ 4:00 ਵਜੇ ਤੋਂ ਬਾਅਦ ਪੁਲਿਸ ਨੂੰ ਹਾਦਸਾ ਹੋਣ ਦੀਆਂ ਖਬਰਾਂ ਮਿਲੀਆਂ। ਇੱਕ ਡਰਾਈਵਰ ਵੱਲੋਂ ਰੈੱਡ ਲਾਈਟ ਜੰਪ ਕਰਨ ਕਾਰਨ ਉਹ ਗੱਡੀ ਪਹਿਲਾਂ ਖੰਭੇ ਨਾਲ ਟਕਰਾਈ ਤੇ ਫਿਰ ਇੰਟਰਸੈਕਸ਼ਨ ਉੱਤੇ ਖੱਬੇ ਮੁੜ ਰਹੀ ਇੱਕ ਕਾਰ ਨਾਲ ਜਾ ਟਕਰਾਈ।

ਇਸ ਹਾਦਸੇ ਵਿੱਚ ਜ਼ਖ਼ਮੀ ਹੋਈ ਮਹਿਲਾ ਨੂੰ ਹਸਪਤਾਲ ਲਿਜਾਇਆ ਗਿਆ। ਸਟੀਲਜ ਐਵਨਿਊ ਵੈਸਟ ਦੇ ਪੂਰਬ ਵਾਲੇ ਹਿੱਸੇ ਨੂੰ ਹਿਡਨ ਟਰੇਲ ਕੋਲ ਬੰਦ ਕਰ ਦਿੱਤਾ ਗਿਆ ਤੇ ਪੁਲਿਸ ਵੱਲੋਂ ਲੋਕਾਂ ਨੂੰ ਬਦਲਵੇਂ ਰਾਹ ਤੋਂ ਜਾਣ ਲਈ ਆਖਿਆ ਜਾ ਰਿਹਾ ਹੈ।

# ਮਸਜਿਦ ਉੱਤੇ ਪੱਥਰ ਮਾਰੇ ਜਾਣ ਦੀ ਘਟਨਾ ਦੀ ਜਾਂਚ ਕਰ ਰਹੀ ਹੈ ਪੁਲਿਸ

ਮਿਸੀਸਾਗਾ, 4 ਫਰਵਰੀ (ਪੋਸਟ ਬਿਊਰੋ) : ਪੀਲ ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਉਹ ਹੇਟ ਕ੍ਰਾਈਮ ਨਾਲ ਸਬੰਧਤ ਇੱਕ ਮਾਮਲੇ ਦੀ ਜਾਂਚ ਕਰ ਰਹੇ ਹਨ। ਉਨ੍ਹਾਂ ਮੁਤਾਬਕ ਮਿਸੀਸਾਗਾ ਦੀ ਇੱਕ ਮਸਜਿਦ ਦੀਆਂ ਖਿੜਕੀਆਂ ਉੱਤੇ ਇੱਕ ਮਸ਼ਕੂਕ ਪੱਥਰ ਸੁੱਟਦਾ ਹੋਇਆ ਕੈਮਰੇ ਵਿੱਚ ਕੈਦ ਹੋ ਗਿਆ।




ਪੁਲਿਸ ਨੇ ਦੱਸਿਆ ਕਿ ਇਹ ਘਟਨਾ 29 ਜਨਵਰੀ ਨੂੰ ਕਾਸੀਮੁਲ ਉਲੂਮ ਇਸਲਾਮਿਕ ਸੈਂਟਰ ਉੱਤੇ ਸਵੇਰੇ 5:00 ਵਜੇ ਦੇ ਨੇੜੇ ਤੇੜੇ ਵਾਪਰੀ। ਉਨ੍ਹਾਂ ਆਖਿਆ ਕਿ ਅਧਿਕਾਰੀ ਅਜੇ ਵੀ ਮਸ਼ਕੂਕ ਦਾ ਪਤਾ ਲਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਪੀਲ ਪੁਲਿਸ ਨੇ ਇੱਕ ਬਿਆਨ ਵਿੱਚ ਆਖਿਆ ਕਿ ਅਸੀਂ ਇਹ ਸਮਝਦੇ ਹਾਂ ਕਿ ਇਸ ਤਰ੍ਹਾਂ ਦੀਆਂ ਘਟਨਾਵਾਂ ਦਾ ਸਾਡੀ ਕਮਿਊਨਿਟੀ ਉੱਤੇ ਮਾੜਾ ਅਸਰ ਪੈਂਦਾ ਹੈ। ਇਸ ਬਿਆਨ ਵਿੱਚ ਆਖਿਆ ਗਿਆ ਕਿ ਪੁਲਿਸ ਅਧਿਕਾਰੀ ਇਮਾਮ ਨਾਲ ਰਲ ਕੇ ਕੰਮ ਕਰ ਰਹੇ ਹਨ ਤੇ ਲੋਕਾਂ ਦੀ ਸੇਫਟੀ ਦਾ ਖਾਸ ਖਿਆਲ ਰੱਖਿਆ ਜਾ ਰਿਹਾ ਹੈ।

ਜੀਟੀਏ ਭਰ ਦੀ ਪੁਲਿਸ ਨੇ ਆਖਿਆ ਕਿ ਪਿਛਲੇ ਕੁੱਝ ਮਹੀਨਿਆਂ ਵਿੱਚ ਹੇਟ ਕ੍ਰਾਈਮ ਵਿੱਚ ਵਾਧਾ ਹੋਇਆ ਹੈ। ਖਾਸਤੌਰ ਉੱਤੇ ਯਹੂਦੀਆਂ ਤੇ ਮੁਸਲਮਾਨ ਵਿਰੋਧੀ ਘਟਨਾਵਾਂ ਵਿੱਚ ਇਜ਼ਰਾਈਲ ਹਮਸ ਜੰਗ ਕਾਰਨ ਹੇਟ ਕ੍ਰਾਈਮ ਵਿੱਚ ਵਾਧਾ ਹੋਇਆ ਮੰਨਿਆ ਜਾ ਰਿਹਾ ਹੈ।



















## ਅੱਜ ਨਾਮਾ

ਕੇਜਰੀਵਾਲ ਦੀ ਕਹੀ ਗੱਲ ਵਧੀ ਬਾਹਲੀ,
ਦਿੱਲੀ ਪੁਲਸ ਉਸ ਦੇ ਮਗਰ ਪਈ ਬੇਲੀ।
ਸੰਮਣ ਗਏ ਕੱਢਵਾਏ ਨੇ ਤੁਰਤ-ਫੁਰਤੀ,
ਉਹਦੀ ਕੋਠੀ ਵਿੱਚ ਪੁੱਜ ਆ ਗਈ ਬੇਲੀ।
ਕੀਤਾ ਏ ਪਹਿਲਾਂ ਸੋਰੇਨ ਨੂੰ ਜੇਲ੍ਹ ਅੰਦਰ,
ਉਹਦੀ ਜੱਜ ਜ਼ਮਾਨਤ ਨਹੀਂ ਲਈ ਬੇਲੀ।
ਪਰਦੇ ਪਿੱਛੇ ਕੀ ਅਸਲ ਵਿੱਚ ਨਿੱਤ ਹੋਵੇ,
ਉਹਦੇ ਲੱਗਣ ਕਿਆਫੇ ਬੱਸ ਕਈ ਬੇਲੀ।
ਇਹ ਵੀ ਪੁੱਛਦੇ ਲੋਕ ਨੇ ਬਾਅਦ ਉਸ ਦੇ,
ਕਿਹੜਾ ਆਗੂ ਫਿਰ ਘੇਰਿਆ ਜਾ ਸਕਦਾ।
ਮਮਤਾ, ਸ਼ਰਦ ਜਿਹੇ ਕਈ ਨੇ ਸੁਣੇ ਜਾਂਦੇ,
ਵਾਰ ਕਿਸੇ ਵੀ ਲੀਡਰ ਲਈ ਆ ਸਕਦਾ।

**ਤੀਸ ਮਾਰ ਖਾਂ**

# ਚੰਡੀਗੜ੍ਹ ਗੋਲੀ ਕਾਂਡ: ਪੰਜਾਬ ਪੁਲਿਸ ਨੇ ਕੇਂਦਰੀ ਏਜੰਸੀਆਂ ਨਾਲ ਮਿਲ ਕੇ ਤਿੰਨ ਗੈਂਗਸਟਰਾਂ ਨੂੰ ਗੋਰਖਪੁਰ ਤੋਂ ਕੀਤਾ ਗ੍ਰਿਫ਼ਤਾਰ

### ਮੁਲਜ਼ਮ ਅੰਮ੍ਰਿਤਪਾਲ ਗੁੱਜਰ ਅਤੇ ਕਮਲਪ੍ਰੀਤ ਨੇ ਚੰਡੀਗੜ੍ਹ ਵਿੱਖੇ ਘਰ ਦੇ ਬਾਹਰ ਕੀਤੀ ਫਾਇਰਿੰਗ ਜਦਕਿ ਪ੍ਰੇਮ ਸਿੰਘ ਨੇ ਉਨ੍ਹਾਂ ਨੂੰ ਫਰਾਰ ਵਿੱਚ ਕੀਤੀ ਮਦਦ : ਡੀ.ਜੀ.ਪੀ.



ਚੰਡੀਗੜ੍ਹ, 4 ਫਰਵਰੀ (ਗਿਆਨ ਸਿੰਘ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੂਬੇ ਵਿੱਚ ਸੰਗਠਿਤ ਅਪਰਾਧਿਕ ਦੇ ਨੈੱਟਵਰਕ ਨੂੰ ਖ਼ਤਮ ਕਰਨ ਲਈ ਵਿੱਢੀ ਮੁਹਿੰਮ ਦੌਰਾਨ ਪੰਜਾਬ ਪੁਲਿਸ ਦੀ ਐਂਟੀ ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਨੇ ਕੇਂਦਰੀ ਏਜੰਸੀਆਂ ਨਾਲ ਮਿਲ ਕੇ ਵਿਦੇਸ਼ ਅਧਾਰਿਤ ਗੈਂਗਸਟਰ ਗੋਲਡੀ ਬਰਾੜ ਦੇ ਤਿੰਨ ਸਾਥੀਆਂ ਨੂੰ ਗੋਰਖਪੁਰ ਤੋਂ ਗ੍ਰਿਫ਼ਤਾਰ ਕਰਕੇ ਚੰਡੀਗੜ੍ਹ ਗੋਲੀ ਕਾਂਡ ਦੇ ਸਨਸਨੀਖੇਜ਼ ਕੇਸ ਦੀ ਗੁੱਥੀ ਸੁਲਝਾ ਦਿੱਤੀ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅੰਮ੍ਰਿਤਪਾਲ ਸਿੰਘ ਉਰਫ਼ ਗੁੱਜਰ ਵਾਸੀ ਕਲੋਲੀ, ਬਨੂੜ, ਕਮਲਪ੍ਰੀਤ ਸਿੰਘ ਵਾਸੀ ਦੇਵੀਨਗਰ ਅਬਰਾਵਾਂ, ਬਨੂੜ ਅਤੇ ਪ੍ਰੇਮ ਸਿੰਘ ਵਾਸੀ ਅਮਰਾਲਾ, ਡੇਰਾਬਸੀ ਵਜੋਂ ਹੋਈ ਹੈ। ਗ੍ਰਿਫ਼ਤਾਰ ਕੀਤੇ ਗਏ ਸਾਰੇ ਮੁਲਜ਼ਮਾਂ ਦਾ ਅਪਰਾਧਿਕ ਪਿਛੋਕੜ ਹੈ ਅਤੇ ਉਨ੍ਹਾਂ ਵਿਰੁੱਧ ਪੰਜਾਬ ਵਿੱਚ ਇਰਾਦਾ ਕਤਲ, ਜਬਰੀ ਵਸੂਲੀ, ਡਕੈਤੀ ਅਤੇ ਅਸਲਾ ਐਕਟ ਤਹਿਤ ਕਈ ਅਪਰਾਧਿਕ ਮਾਮਲੇ ਦਰਜ ਹਨ।

ਜਾਣਕਾਰੀ ਮੁਤਾਬਕ 19 ਜਨਵਰੀ 2024 ਨੂੰ ਚੰਡੀਗੜ੍ਹ ਦੇ ਸੈਕਟਰ 5 ਸਥਿਤ ਇਕ ਵਪਾਰੀ ਦੇ ਘਰ ਅਣਪਛਾਤੇ ਬਦਮਾਸ਼ਾਂ ਨੇ ਗੋਲੀਆਂ ਚਲਾ ਦਿੱਤੀਆਂ ਸਨ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਏਡੀਜੀਪੀ ਪ੍ਰਮੋਦ ਬਾਨ ਦੀ ਅਗਵਾਈ ਵਾਲੀ ਏਜੀਟੀਐਫ ਪੰਜਾਬ ਦੀ ਜਾਣਕਾਰੀ 'ਤੇ ਕਾਰਵਾਈ ਕਰਦਿਆਂ ਏਆਈਜੀ ਸੰਦੀਪ ਗੋਇਲ ਦੀ ਨਿਗਰਾਨੀ ਹੇਠ ਅਤੇ ਡੀਐਸਪੀ ਬਿਕਰਮਜੀਤ ਸਿੰਘ ਬਰਾੜ ਦੀ ਅਗਵਾਈ ਵਾਲੀਆਂ ਪੁਲਿਸ ਟੀਮਾਂ ਨੇ ਚੰਡੀਗੜ੍ਹ ਪੁਲਿਸ ਨਾਲ ਮਿਲ ਕੇ ਪਤਾ ਲਗਾਇਆ ਕਿ ਉਕਤ ਮੁਲਜ਼ਮ ਬਿਹਾਰ ਤੋਂ ਉੱਤਰ ਪ੍ਰਦੇਸ਼ ਜਾ ਰਹੇ ਹਨ ਅਤੇ ਪੁਲਿਸ ਟੀਮਾਂ ਨੇ ਗੋਰਖਪੁਰ ਪੁਲਿਸ ਦੀ ਮਦਦ ਨਾਲ ਗੋਰਖਪੁਰ ਰੇਲਵੇ ਸਟੇਸ਼ਨ 'ਤੇ ਉਨ੍ਹਾਂ ਨੂੰ ਕਾਬੂ ਕਰ ਲਿਆ।

ਉਨ੍ਹਾਂ ਦੱਸਿਆ ਕਿ ਮੁੱਢਲੀ ਤਫ਼ਤੀਸ਼ ਅਨੁਸਾਰ ਮੁਲਜ਼ਮ ਅੰਮ੍ਰਿਤਪਾਲ ਸਿੰਘ ਅਤੇ ਕਮਲਪ੍ਰੀਤ ਸਿੰਘ ਨੇ ਸੈਕਟਰ-5 ਚੰਡੀਗੜ੍ਹ ਸਥਿਤ ਰਿਹਾਇਸ਼ੀ ਇਲਾਕੇ ਵਿੱਚ ਸਥਿਤ ਵਪਾਰੀ ਦੇ ਘਰ ਗੋਲੀਆਂ ਚਲਾਈਆਂ, ਜਦਕਿ ਤੀਜੇ ਮੁਲਜ਼ਮ ਪ੍ਰੇਮ ਸਿੰਘ ਨੇ ਉਨ੍ਹਾਂ ਨੂੰ ਆਪਣੀ ਵਰਨਾ ਕਾਰ ਵਿੱਚ ਵਾਰਦਾਤ ਵਾਲੇ ਸਥਾਨ ਤੋਂ ਭਜਾ ਕੇ ਆਪਣੇ ਘਰ ਲੈ ਗਿਆ।

ਡੀਜੀਪੀ ਨੇ ਦੱਸਿਆ ਕਿ ਇਸ ਉਪਰੰਤ ਗੋਲਡੀ ਬਰਾੜ ਦੇ ਨਿਰਦੇਸ਼ਾਂ 'ਤੇ ਤਿੰਨੇ ਦੋਸ਼ੀ 27 ਜਨਵਰੀ ਨੂੰ ਬਿਹਾਰ ਭੱਜ ਗਏ ਅਤੇ ਗੋਲਡੀ ਬਰਾੜ ਵੱਲੋਂ ਬਿਹਾਰ ਦੇ ਪਿੰਡ ਛਿਤੌਲੀ ਵਿਖੇ ਦੱਸੇ ਗਈ ਛੁਪਣਗਾਹ ਵਿੱਚ ਜਾਣ ਹੋਣ ਤੋਂ ਪਹਿਲਾਂ ਦੋ ਦਿਨ ਗੁਰਦੁਆਰਾ ਪਟਨਾ ਸਾਹਿਬ ਵਿਖੇ ਰਹੇ। ਉਨ੍ਹਾਂ ਅੱਗੇ ਦੱਸਿਆ ਕਿ 4 ਫਰਵਰੀ ਦੀ ਸਵੇਰ ਨੂੰ, ਉਨ੍ਹਾਂ ਨੇ ਕਿਸੇ ਨਵੀਂ ਜਗਹਾ 'ਤੇ ਜਾਣ ਲਈ ਛੁਪਣਗਾਹ ਨੂੰ ਛੱਡ ਦਿੱਤਾ।

ਏਆਈਜੀ ਸੰਦੀਪ ਗੋਇਲ ਨੇ ਕਿਹਾ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਅਸਲਾ ਅਤੇ ਗੋਲੀਸਿੱਕਾ ਬਰਾਮਦ ਹੋਣ ਦੀ ਉਮੀਦ ਹੈ।

## ਜ਼ਿਲ੍ਹਾ ਮੋਗਾ ਦੇ ਅਧਿਕਾਰੀਆਂ ਅਤੇ ਸਵੈ ਸਹਾਇਤਾ ਗਰੁੱਪਾਂ ਦੇ ਮੈਂਬਰਾਂ ਵੱਲੋਂ ਸਿਫੇਟ ਲੁਧਿਆਣਾ ਦਾ ਦੌਰਾ

ਮੋਗਾ, 4 ਫਰਵਰੀ (ਗਿਆਨ ਸਿੰਘ): ਕੁਲਵੰਤ ਸਿੰਘ ਡਿਪਟੀ ਕਮਿਸਨਰ ਮੋਗਾ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਮੋਗਾ ਦੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਸਵੈ ਸਹਾਇਤਾ ਗਰੁੱਪਾਂ ਦੇ ਮੈਂਬਰਾਂ ਨੂੰ ਆਈ ਸੀ ਏ ਆਰ - ਸਿਫੇਟ (ਸੈਂਟਰਲ ਇੰਸਟੀਚਿਊਟ ਆਫ ਪੋਸਟ ਹਾਰਵੈਸਟ ਇੰਜਨੀਅਰਿੰਗ ਐਂਡ ਟੈਕਨਾਲੋਜੀ), ਪੀਏਯੂ ਲੁਧਿਆਣਾ ਵਿਖੇ ਇੱਕ ਜਾਗਰੂਕਤਾ ਦੌਰਾ ਕਰਵਾਇਆ ਗਿਆ। ਇਸ ਦੌਰੇ ਦਾ ਜ਼ਿਲ੍ਹਾ ਉਦਯੋਗ ਕੇਂਦਰ ਮੋਗਾ ਵੱਲੋਂ ਪ੍ਰਬੰਧ ਕਰਵਾਇਆ ਗਿਆ ਸੀ ਅਤੇ ਵਧੀਕ ਡਿਪਟੀ ਕਮਿਸਨਰ (ਡੀ) ਮੋਗਾ ਸ੍ਰੀਮਤੀ ਅਨੀਤਾ ਦਰਸੀ ਨੇ ਵਫਦ ਦੀ ਅਗਵਾਈ ਕੀਤੀ। ਇਸ ਦੌਰੇ ਦਾ ਉਦੇਸ ਐਸਪੀਰੇਸਨਲ ਜ਼ਿਲ੍ਹਾ ਮੋਗਾ ਵਿੱਚ ਫੂਡ ਪ੍ਰੋਸੈਸਿੰਗ ਸੈਕਟਰ ਨੂੰ ਹੁਲਾਰਾ ਦੇਣਾ ਸੀ ਅਤੇ ਇਸ ਵਿੱਚ ਐਨ ਆਰ ਐਲ ਐਮ ਅਧੀਨ ਪੰਜੀਕ੍ਰਿਤ ਸੈਲਫ ਹੈਲਪ ਗਰੁੱਪ, ਡਾਇਰੈਕਟਰ ਆਰਸੇਟੀ, ਜ਼ਿਲ੍ਹਾ ਰੋਜਗਾਰ ਅਤੇ ਕਾਰੋਬਾਰ ਬਿਊਰੋ, ਪਸ਼ੂ ਪਾਲਣ ਵਿਭਾਗ, ਬਾਗਬਾਨੀ ਵਿਭਾਗ, ਡੇਅਰੀ, ਪੰਜਾਬ ਹੁਨਰ ਵਿਕਾਸ ਮਿਸਨ ਮੋਗਾ ਸਮੇਤ ਵੱਖ-ਵੱਖ ਲਾਈਨ ਵਿਭਾਗਾਂ ਤੋਂ ਅਧਿਕਾਰੀਆਂ ਅਤੇ ਮੈਂਬਰਾਂ ਨੇ ਭਾਗ ਲਿਆ ਗਿਆ।

ਦੌਰੇ ਦੌਰਾਨ, ਡਾਇਰੈਕਟਰ ਸਿਫੇਟ ਡਾਕਟਰ ਨਚੀਕੇਤ ਕੋਤਵਾਲਵਾਲੇ ਨੇ ਫੂਡ ਪ੍ਰੋਸੈਸਿੰਗ ਅਤੇ ਪੋਸਟ-ਸਟੋਰੇਜ ਟੈਕਨਾਲੋਜੀ ਨਾਲ ਸਬੰਧਤ ਮਸੀਨਾਂ ਦੀਆਂ ਨਵੀਨਤਾਵਾਂ ਬਾਰੇ ਵਿਸਤ੍ਰਿਤ ਜਾਣਕਾਰੀ ਪ੍ਰਦਾਨ ਕੀਤੀ ਜੋ ਮੁੱਖ ਤੌਰ 'ਤੇ ਖੇਤੀਬਾੜੀ ਅਤੇ ਫੂਡ ਪ੍ਰੋਸੈਸਿੰਗ ਸੈਕਟਰ ਨਾਲ ਸਬੰਧਤ ਵਾਢੀ ਤੋਂ ਬਾਅਦ ਇੰਜੀਨੀਅਰਿੰਗ ਅਤੇ ਤਕਨਾਲੋਜੀ ਵਿੱਚ ਖੋਜ, ਵਿਕਾਸ ਅਤੇ ਨਵੀਨਤਾਵਾਂ 'ਤੇ ਕੇਂਦਰਿਤ ਹੈ। ਉਹਨਾਂ ਕਿਹਾ ਕਿ ਇਹ ਸੰਸਥਾ ਵਾਢੀ ਤੋਂ ਬਾਅਦ ਦੀਆਂ ਕਾਰਵਾਈਆਂ ਦੀ ਕੁਸਲਤਾ ਨੂੰ ਵਧਾਉਣ, ਨੁਕਸਾਨ ਨੂੰ ਘਟਾਉਣ ਅਤੇ ਪ੍ਰੋਸੈਸਡ ਭੋਜਨ ਦੀ ਸਮੁੱਚੀ ਗੁਣਵੱਤਾ ਵਿੱਚ ਸੁਧਾਰ ਕਰਨ ਲਈ ਕੰਮ ਕਰਦੀ ਹੈ। ਡਾ: ਰਣਜੀਤ ਸਿੰਘ ਨੇ ਹਾਜਰੀਨ ਦੇ ਸਵਾਲਾਂ ਦੇ ਜਵਾਬ ਦਿੰਦੇ ਹੋਏ ਸੰਸਥਾ ਦੀਆਂ ਪ੍ਰਾਪਤੀਆਂ ਅਤੇ ਤਕਨੀਕੀ ਮੁਹਾਰਤ ਨੂੰ ਸਾਂਝਾ ਕੀਤਾ।

## ਗੁਰੂ ਨਾਨਕ ਦੇਵ ਯੂਨੀਵਰਸਿਟੀ 'ਚ ਸਾਬਕਾ ਵਿਦਿਆਰਥੀ ਮਿਲਣੀ-2024

### ਬ੍ਰਿਗੇਡੀਅਰ ਹਰਚਰਨ ਸਿੰਘ, ਡਾ. ਵਿਨੇ ਕੁਮਾਰ ਅਤੇ ਵਿਕਰਮ ਚੌਧਰੀ ਆਊਟਸੈਂਡਿੰਗ ਅਲੂਮਿਨੀ ਐਵਾਰਡ ਨਾਲ ਸਨਮਾਨਿਤ

ਅੰਮ੍ਰਿਤਸਰ, 4 ਫਰਵਰੀ ( ਪੋਸਟ ਬਿਊਰੋ): ਬੀਤੇ ਦਿਨੀਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਿਹੜੇ ਵਿਚ ਅੱਜ ਜਿਥੇ ਪੁਰਾਣੇ ਵਿਦਿਆਰਥੀਆਂ ਨੇ ਘੁੱਟ ਕੇ ਗਲਵਕੜੀਆਂ ਪਾਈਆਂ ਅਤੇ ਯੂਨੀਵਰਸਿਟੀ ਨਾਲ ਜੁੜੀਆਂ ਵਿਦਿਆਰਥੀ ਜੀਵਨ ਦੀਆਂ ਪੁਰਾਣੀਆਂ ਯਾਦਾਂ ਨੂੰ ਤਾਜ਼ਾ ਕੀਤਾ ਉਥੇ ਵਿਦਿਆਰਥੀਆਂ ਨੂੰ ਸੱਦਾ ਦਿੱਤਾ ਕਿ ਉਹ ਵੀ ਅੱਜ ਦੇ ਵਿਦਿਆਰਥੀ ਜੀਵਨ ਨੂੰ ਯਾਦਗਾਰੀ ਬਣਾਉਣ ਤਾਂ ਜੋ ਉਨ੍ਹਾਂ ਨੂੰ ਸਾਰੀ ਉਮਰ ਅਜ ਦੀਆਂ ਯਾਦਾਂ ਨਿੱਘ ਦੇਂਦੀਆਂ ਰਹਿਣ। ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ ਵਿਖੇ ਹੋਈ ਅਲੂਮਨੀ ਮੀਟ 2024 ਵਿਚ ਵੱਡੇ ਅਹੁਦਿਆਂ 'ਤੇ ਮੌਜੂਦ ਵੱਖ ਵੱਖ ਸਾਬਕਾ ਵਿਦਿਆਰਥੀਆਂ ਨੇ ਆਪਣੇ ਵਿਦਿਆਰਥੀ ਜੀਵਨ ਨੂੰ ਯਾਦ ਕਰਦਿਆਂ ਆਪਣੀਆਂ ਸਫਲਤਾਵਾਂ ਦੇ ਰਾਜ਼ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਕੈਂਪਸ ਦੇ ਸਿਰ ਸਜਾਇਆ।

ਇਸ ਮੌਕੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅਲੂਮਿਨੀ ਐਸੋਸੀਏਸ਼ਨ ਵੱਲੋਂ ਵੱਖ ਵੱਖ ਖੇਤਰਾਂ ਵਿਚ ਨਾਮਣਾ ਖੱਟਣ ਵਾਲੇ ਅਤੇ ਗੁਰੂ ਨਾਨਕ ਦੇਵ ਯੂਨਵਿਰਸਿਟੀ ਦਾ ਨਾਂ ਰੌਸ਼ਨ ਕਰਨ ਵਾਲੇ ਆਪਣੇ ਸਾਬਕਾ ਵਿਦਿਆਰਥੀਆਂ ਬ੍ਰਿਗੇਡੀਅਰ ਹਰਚਰਨ ਸਿੰਘ, ਡਾ. ਵਿਨੇ ਕੁਮਾਰ ਅਤੇ ਵਿਕਰਮ ਚੌਧਰੀ ਨੂੰ ਆਊਟਸੈਂਡਿੰਗ ਅਲੂਮਿਨੀ ਐਵਾਰਡ ਨਾਲ ਸਨਮਾਨਿਤ ਕੀਤਾ। ਇਸ ਤੋਂ ਇਲਾਵਾ ਰਾਜੇਸ਼ ਸੇਠ, ਡਾ. ਸੁਮਨ ਸ਼ਰਮਾ, ਡਾ. ਨਵਪ੍ਰੀਤ ਕੌਰ, ਡਾ. ਸੰਦੀਪ ਮਹਿਰਾ, ਅਨਿਲ ਖੰਨਾ, ਜਸਨੀਤ ਸਿੰਘ, ਡਾ. ਪ੍ਰੇਮਜੋਤ ਸਿੰਘ ਗਿਰਗਲਾ, ਡਾ. ਰਾਕੇਸ਼ ਚੌਹਾਨ, ਡਾ. ਹਰਪ੍ਰੀਤ ਗਰੇਵਾਲ, ਦਵਿੰਦਰ ਪਾਲ ਸਿੰਘ, ਹਰਜਿੰਦਰ ਰੰਧਾਵਾ, ਦਲਜੀਤ ਸਿੰਘ ਅਤੇ ਪਰਮਿੰਦਰ ਸੰਧੂ ਨੂੰ ਵੀ ਉਨ੍ਹਾਂ ਵੱਲੋਂ ਆਪਣੇ ਆਪਣੇ ਖੇਤਰ ਵਿਚ ਮਾਰੀਆਂ ਗਈਆਂ ਮੱਲ੍ਹਾਂ ਦੇ ਕਰਕੇ ਸਨਮਾਨਿਤ ਕੀਤਾ ਗਿਆ।

# ਸਾਬਕਾ ਵਿਦਿਆਰਥੀਆਂ ਨੇ ਮਿਲ ਕੇ ਕੀਤੀਆਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀਆਂ ਪੁਰਾਣੀਆਂ ਯਾਦਾਂ ਸਾਂਝੀਆਂ



ਸਾਬਕਾ ਵਿਦਿਆਰਥੀਆਂ ਨੂੰ ਸਨਮਾਨਿਤ ਕਰਨ ਦੀ ਰਸਮ ਵਿਚ ਸ਼ਾਮਿਲ ਸਨ ਵਾਈਸ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਜਸਪਾਲ ਸਿੰਘ ਸੰਧੂ, ਐਸੋਸੀਏਸ਼ਨ ਦੇ ਉਪ ਪ੍ਰਧਾਨ, ਡਾ. ਕੁੰਵਰ ਵਿਜੈ ਪ੍ਰਤਾਪ ਸਿੰਘ, ਐਮ.ਐਲ.ਏ., ਡੀਨ ਅਕਾਦਮਿਕ ਮਾਮਲੇ ਪ੍ਰੋਫ਼ੈਸਰ ਬਿਕਰਮਜੀਤ ਸਿੰਘ ਬਾਜਵਾ, ਰਜਿਸਟਰਾਰ ਪ੍ਰੋ. ਕਰਨਜੀਤ ਸਿੰਘ ਕਾਹਲੋਂ, ਡੀਨ ਵਿਦਿਆਰਥੀ ਭਲਾਈ, ਪ੍ਰੋ. ਪ੍ਰੀਤ ਮੋਹਿੰਦਰ ਸਿੰਘ ਬੇਦੀ, ਪ੍ਰੋ. ਅਤੁਲ ਖੰਨਾ, ਡੀਨ ਅਲੂਮਨੀ ਐਸੋਸੀਏਸ਼ਨ।

ਸਭ ਤੋਂ ਪਹਿਲਾਂ ਡਾ. ਖੰਨਾ ਵੱਲੋਂ ਸਾਲਾਨਾ ਰਿਪੋਰਟ ਸਾਂਝੀ ਕੀਤੀ ਗਈ ਅਤੇ ਭਵਿੱਖ ਵਿਚ ਕੀਤੇ ਜਾਣ ਵਾਲੇ ਕੰਮਾਂ, ਐਸੋਸੀਏਸ਼ਨ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ। ਇਸ ਮੌਕੇ ਮੁੱਖ ਮਹਿਮਾਨ ਵੱਜੋਂ ਹਾਜ਼ਰ ਫੋਰਟਿਸ ਐਸਕਾਰਟ ਹਸਪਤਾਲ ਐਂਡ ਰੀਸਰਚ ਸੈਂਟਰ ਦੇ ਡਾਇਰੈਕਟਰ, ਡਾ. ਹਰਿੰਦਰਪਾਲ ਸਿੰਘ ਨੇ ਦੱਸਿਆ ਕਿ ਭਾਵੇਂ ਉਹ ਮੈਡੀਕਲ ਕਾਲਜ ਦੇ ਵਿਦਿਆਰਥੀ ਸਨ ਪਰ ਉਨ੍ਹਾਂ ਦਾ ਸਭ ਤੋਂ ਜ਼ਿਆਦਾ ਜੀਅ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਿਹੜੇ ਹੀ ਲਗਦਾ ਸੀ। ਉਨ੍ਹਾਂ ਨੇ ਵੱਖ ਵੱਖ ਕੰਟੀਨਾਂ ਅਤੇ ਯੂਨੀਵਰਸਿਟੀ ਨਾਲ ਜੁੜੀਆਂ ਯਾਦਾਂ ਨੂੰ ਸਾਂਝਾ ਕੀਤਾ। ਉਨ੍ਹਾਂ ਨੇ ਕਿਹਾ ਕਿ ਅੱਜ ਉਨ੍ਹਾਂ ਨੂੰ ਉਹ ਪੁਰਾਣੇ ਦਿਨ ਅਤੇ ਪੁਰਾਣੇ ਬੇਲੀ ਯਾਦ ਆ ਰਹੇ ਹਨ ਜਿਨ੍ਹਾਂ ਵਿਚੋਂ ਬਹੁਤ ਸਾਰੇ ਇਥੇ ਮੌਜੂਦ ਵੀ ਹਨ। ਉਨ੍ਹਾਂ ਨੇ ਯੂਨੀਵਰਸਿਟੀ ਦੇ ਮੌਜੂਦ ਸਾਰੇ ਵਿਦਿਆਰਥੀਆਂ ਨੂੰ ਸੱਦਾ ਦਿੱਤਾ ਕਿ ਉਹ ਯੂਨੀਵਰਸਿਟੀ ਨੂੰ ਹੋਰ ਉਚਾ ਲਿਜਾਣ ਦੇ ਲਈ ਆਪਣਾ ਸਹਿਯੋਗ ਦੇਣ। ਉਨ੍ਹਾਂ ਨੇ ਯੂਨੀਵਰਸਿਟੀ ਵੱਲੋਂ ਹਾਲ ਵਿਚ ਹੀ ਪ੍ਰਾਪਤ ਕੀਤੀਆਂ ਗਈਆਂ ਪ੍ਰਾਪਤੀਆਂ 'ਤੇ ਸਮੂਹ ਯੂਨੀਵਰਸਿਟੀ ਦੇ ਭਾਈਚਾਰੇ ਨੂੰ ਵਧਾਈਆਂ ਵੀ ਦਿੱਤੀਆਂ।

ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਜਸਪਾਲ ਸਿੰਘ ਸੰਧੂ ਨੇ ਐਲੂਮਨੀ ਮੀਟ ਦੀ ਪ੍ਰਧਾਨਗੀ ਕਰਦਿਆਂ ਜਿਥੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਵੱਖ ਵੱਖ ਖੇਤਰਾਂ ਵਿਚ ਪ੍ਰਾਪਤ ਕੀਤੀਆਂ ਗਈਆਂ ਅਹਿਮ ਉਪਲਬਧੀਆਂ ਬਾਰੇ ਦੱਸਿਆ ਉਥੇ ਉਨ੍ਹਾਂ ਕਿਹਾ ਕਿ ਅਜੇ ਵੀ ਯੂਨੀਵਰਸਿਟੀ ਵੀ ਯੂਨੀਵਰਸਿਟੀ ਨੂੰ ਹੋਰ ਉਚਾ ਚੁੱਕਣ ਦੀ ਬਹੁਤ ਲੋੜ ਹੈ ਅਤੇ ਇਸ ਦੇ ਲਈ ਯੂਨੀਵਰਸਿਟੀ ਦੇ ਸਾਬਕਾ ਵਿਦਿਆਰਥੀ ਬਹੁਤ ਵੱਡਾ ਰੋਲ ਅਦਾ ਕਰ ਸਕਦੇ ਹਨ। ਕਿਹਾ ਕਿ ਯੂਨੀਵਰਸਿਟੀ ਦੇ ਸਾਬਕਾ ਵਿਦਿਆਰਥੀ ਦੇਸ਼ ਅਤੇ ਵਿਦੇਸ਼ਾਂ ਵਿੱਚ ਵੱਖ-ਵੱਖ ਖੇਤਰਾਂ ਵਿੱਚ ਉੱਚੇ ਅਹੁਦਿਆਂ ਉਪਰ ਬਿਰਾਜਮਾਨ ਹਨ। ਉਨ੍ਹਾਂ ਕਿਹਾ ਕਿ ਇਹ ਬਹੁਤ ਮਾਣ ਵਾਲੀ ਗੱਲ ਹੈ ਉਹ ਵਿਦਅਕ ਸੰਸਥਾਨ, ਨਿਆਂਪਾਲਿਕਾ, ਆਈਐਫਐਸ, ਆਈਏਐਸ, ਪੀਸੀਐਸ, ਭਾਰਤੀ ਪੁਲਿਸ ਸੇਵਾਵਾਂ, ਫੈਡਰਲ ਸੇਵਾਵਾਂ, ਕਾਰਪੋਰੇਟ ਸੈਕਟਰ, ਰਾਜਨੀਤਿਕ ਪਾਰਟੀਆਂ, ਪਬਲਿਕ / ਫਾਰਮਾ ਸੈਕਟਰ ਅਤੇ ਪੰਜਾਬ ਸਿਵਲ ਸੇਵਾਵਾਂ ਆਦਿ ਵਿਚ ਅਹਿਮ ਅਹੁਦਿਆਂ 'ਤੇ ਆਪਣੀਆਂ ਸੇਵਾਵਾਂ ਨਿਭਾਅ ਰਹੇ ਹਨ। ਯੂਨੀਵਰਸਿਟੀ ਦੇ ਵਿਦਿਆਰਥੀ ਇਸ ਸਮੇਂ ਵਾਈਸ ਚਾਂਸਲਰ, ਵਿਗਿਆਨੀ, ਡੀਨ ਅਕਾਦਮਿਕ ਮਾਮਲਿਆਂ ਅਤੇ ਡਾਇਰੈਕਟਰ ਖੋਜ ਅਤੇ ਹੋਰ ਅਹਿਮ ਅਹੁਦਿਆਂ ਕਾਰਜਸ਼ੀਲ ਹਨ ਅਤੇ ਅਕਾਦਮਿਕ ਖੇਤਰਾਂ ਵਿੱਚ ਆਪਣੀਆਂ ਵਡਮੁੱਲੀਆਂ ਸੇਵਾਵਾਂ ਦੇ ਰਹੇ ਹਨ। ਉਨ੍ਹਾਂ ਨੇ ਯੂਨੀਵਰਸਿਟੀ ਦੇ ਸਾਬਕਾ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਲੋੜਵੰਦ ਵਿਦਿਆਰਥੀਆਂ ਦੀ ਆਰਥਿਕ ਮਦਦ ਕਰਨ ਤੋਂ ਇਲਾਵਾ ਉਨ੍ਹਾਂ ਦੀ ਖੋਜ ਅਤੇ ਅਕਾਦਮਿਕਤਾ ਵਿਚ ਵੱਧ ਤੋਂ ਵੱਧ ਮਦਦ ਕਰਨ।

ਡੀਨ ਅਕਾਦਮਿਕ ਮਾਮਲੇ ਪ੍ਰੋਫ਼ੈਸਰ ਬਿਕਰਮਜੀਤ ਸਿੰਘ ਬਾਜਵਾ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੁਰਾਣੇ ਵਿਦਿਆਰਥੀਆਂ ਨੂੰ ਮੁੜ ਮਿਲਾਉਣ ਦਾ ਸਿਹਰਾ ਪ੍ਰੋ. ਸੰਧੂ ਸਿਰ ਜਾਂਦਾ ਹੈ। ਉਨ੍ਹਾਂ ਨੇ 2017 ਤੋਂ ਇਸ ਉਪਰਾਲੇ ਨੂੰ ਸ਼ੁਰੂ ਕਤਿਾ ਸੀ ਜੋ ਹੁਣ ਸਫਲਤਾ ਦੀਆਂ ਕਈ ਪਗਡੰਡੀਆਂ ਤਹਿ ਕਰਦਾ ਅੱਗੇ ਵਧ ਰਿਹਾ ਹੈ ਅਤੇ ਆਉਣ ਵਾਲੇ ਸਮੇਂ ਵਿਚ ਹੋਰ ਵੀ ਅੱਗੇ ਵਧੇਗਾ । ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਆਸ ਹੈ ਕਿ ਇਨ੍ਹਾਂ ਤੋਂ ਇਲਾਵਾ ਹੋਰ ਸਾਬਕਾ ਵਿਦਿਆਰਥੀਆਂ ਵੀ ਅਗਲੀ ਮਿਲਣੀ ਵਿਚ ਏਨੇ ਉਮਾਹ ਨਾਲ ਮਿਲਣਗੇ।

ਅਲੂਮਿਨੀ ਮੀਟ ਉਦੋਂ ਹੋਰ ਯਾਦਗਾਰੀ ਹੋ ਨਿਬੜੀ ਜਦੋਂ ਸਾਬਕਾ ਵਿਦਿਆਰਥੀਆਂ ਤੋਂ ਇਲਾਵਾ ਸੰਗੀਤ ਵਿਭਾਗ ਦੇ ਵਿਦਿਆਰਥੀਆਂ ਨੇ ਵੱਖ ਵੱਖ ਲੋਕ ਕਲਾਵਾਂ ਦੀ ਪੇਸ਼ਕਾਰੀ ਕੀਤੀ। ਇਸ ਸਮੇਂ ਕਲਾਕਾਰ ਵਿਦਿਆਰਥੀਆਂ ਦਾ ਡਾ. ਕੁੰਵਰ ਵਿਜੇ ਪ੍ਰਤਾਪ, ਡਾ. ਖੰਨਾ, ਬ੍ਰਿਗੇ. ਹਰਚਰਨ ਸਿੰਘ ਵੱਲੋਂ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਵੀ ਕੀਤਾ ਗਿਆ।

**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

SherGill Law Firm
Barrister, Solicitor & Notary Public
Paramjit Singh Gill (MBA,LL.B.)
Tel: 905-790-3636
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca



TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9



ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
* How your spouse can join you within 4-6 months
* How your parents can join you
* How students & skilled people can come to Canada
* How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com





ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com





# ਪਰਵਾਸੀ ਪੰਜਾਬੀਆਂ ਨੇ ਪੰਜਾਬ ਵਿੱਚ ਵੱਡੇ ਪੱਧਰ ਉੱਤੇ ਨਿਵੇਸ ਵਿੱਚ ਦਿਖਾਈ ਦਿਲਚਸਪੀ

## ਪਰਵਾਸ ਨੂੰ ਪੁੱਠਾ ਹੇੜ ਆਉਣ ਤੋਂ ਬਾਗੋ-ਬਾਗ ਨਜ਼ਰ ਆਏ ਐੱਨ.ਆਰ.ਆਈਜ਼

ਚੰਡੀਗੜ੍ਹ, 4 ਫਰਵਰੀ (ਗਿਆਨ ਸਿੰਘ): ਪੰਜਾਬ ਸਰਕਾਰ ਵੱਲੋਂ ਕਰਵਾਈ ਗਈ ਐਨ.ਆਰ.ਆਈ. ਮਿਲਣੀ ਦੌਰਾਨ ਪਰਵਾਸੀ ਭਾਰਤੀਆਂ ਨੇ ਸੂਬੇ ਵਿੱਚ ਨਿਵੇਸ ਲਿਆਉਣ ਲਈ ਹੋ ਰਹੀਆਂ ਸੰਗਠਿਤ ਕੋਸ਼ਿਸਾਂ ਦੀ ਸਲਾਘਾ ਕੀਤੀ।

ਫਰਾਂਸ ਵਿੱਚ ਪਿਛਲੇ 28 ਸਾਲ ਤੋਂ ਵਸੇ ਟਾਂਡਾ ਦੇ ਦਲਵਿੰਦਰ ਸਿੰਘ ਨੇ ਕਿਹਾ ਕਿ ਉਹ ਟਾਂਡਾ ਵਿੱਚ ਯੂਨੀਵਰਸਿਟੀ ਬਣਾਉਣਾ ਚਾਹੁੰਦੇ ਹਨ ਕਿਉਂਕਿ ਭਗਵੰਤ ਸਿੰਘ ਮਾਨ ਜੀ ਦੀ ਅਗਵਾਈ ਵਾਲੀ ਸੂਬਾ ਸਰਕਾਰ ਨੇ ਪੰਜਾਬ ਦੀ ਨੁਹਾਰ ਬਦਲ ਦਿੱਤੀ ਹੈ ਅਤੇ ਉਨ੍ਹਾਂ ਨੂੰ ਆਸ ਹੈ ਕਿ ਪੰਜਾਬ ਵਿੱਚ ਪਰਵਾਸ ਨੂੰ ਪੁੱਠਾ ਗੇੜ ਸ਼ੁਰੂ ਹੋ ਗਿਆ ਹੈ। ਦਲਵਿੰਦਰ ਸਿੰਘ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ, ਜਿਨ੍ਹਾਂ ਦੀਆਂ ਕੋਸ਼ਿਸ਼ਾਂ ਸਦਕਾ ਐਨ.ਆਰ.ਆਈਜ. ਦਾ ਸਰਕਾਰ ਪ੍ਰਤੀ ਭਰੋਸਾ ਮਜਬੂਤ ਹੋਇਆ ਹੈ। ਉਨ੍ਹਾਂ ਕਿਹਾ ਕਿ ਆਪਣੇ ਪਿੰਡਾਂ ਦੀ ਮਜ਼ਬੂਤੀ ਲਈ ਵੀ ਐਨ.ਆਰ.ਆਈਜ. ਪੰਜਾਬ ਸਰਕਾਰ ਨੂੰ ਹਰ ਯੋਗ ਸਹਾਇਤਾ ਦੇਣ ਲਈ ਵਚਨਬੱਧ ਹਨ।

ਅਮਰੀਕਾ ਦੇ ਨਿਊ ਯਾਰਕ ਵਿਚ ਵਸੇ ਮੁਕੇਰੀਆਂ ਦੇ ਸੇਵਾ ਸਿੰਘ ਨੇ ਕਿਹਾ ਕਿ ਐਨ.ਆਰ. ਆਈਜ. ਨੂੰ ਲੈ ਕੇ ਪੰਜਾਬ ਸਰਕਾਰ ਬਹੁਤ ਗੰਭੀਰਤਾ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਵਿਦੇਸ਼ ਵਿੱਚ ਵਸੇ ਉਨ੍ਹਾਂ ਦੇ ਬੱਚੇ ਅਕਸਰ ਪੰਜਾਬ ਆਉਂਦੇ ਹਨ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗੁਵਾਈ ਵਾਲੀ ਪੰਜਾਬ ਸਰਕਾਰ ਦੇ ਕੰਮਕਾਜ ਅਤੇ ਐਨ.ਆਰ. ਆਈਜ. ਲਈ ਕੀਤੇ ਜਾ ਰਹੇ ਉਪਰਾਲਿਆਂ ਤੋਂ ਬਹੁਤ ਖੁਸ਼ ਹਨ।

ਸਮਾਗਮ ਵਿਚ ਲੰਡਨ ਦੇ ਵਸਨੀਕ ਸਤਵਿੰਦਰ ਸਿੰਘ ਸੱਗੂ ਵਿਸੇਸ਼ ਤੌਰ 'ਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਨ ਪਹੁੰਚੇ। ਸ. ਸੱਗੂ ਮੂਲ ਤੌਰ 'ਤੇ ਜਲੰਧਰ ਦੇ ਰਹਿਣ ਵਾਲੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਨੇ ਐਨ.ਆਰ. ਆਈਜ. ਲਈ ਜੋ ਸੁਖਾਲਾ ਮਾਹੌਲ ਬਣਾਇਆ ਹੈ, ਇਸ ਲਈ ਉਹ ਪੰਜਾਬ ਵਿੱਚ ਨਿਵੇਸ਼ ਕਰਨਾ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਉਹ ਆਪ 50 ਕਰੋੜ ਰੁਪਏ ਦਾ ਨਿਵੇਸ਼ ਪੰਜਾਬ ਵਿੱਚ ਕਰਨਾ ਚਾਹੁੰਦੇ ਹਨ।

ਇਸ ਦੌਰਾਨ ਲੰਡਨ ਵਿਚ ਵਸੇ ਫਗਵਾੜਾ ਦੇ ਹਰੀਸ਼ ਦਾਸ ਨੇ ਵੀ ਨਿਵੇਸ਼ ਨੂੰ ਲੈ ਕੇ ਪੰਜਾਬ ਨੂੰ ਬਹੁਤ ਬਿਹਤਰ ਸਥਾਨ ਦੱਸਦਿਆਂ ਕਿਹਾ ਕਿ ਵਿਦੇਸ਼ਾਂ ਵਿੱਚ ਵਸੇ ਹੋਰ ਐਨ.ਆਰ. ਆਈਜ. ਭਰਾ ਹੁਣ ਪੰਜਾਬ ਵਿਚ ਨਿਵੇਸ਼ ਕਰਨਾ ਚਾਹੁੰਦੇ ਹਨ ਕਿਉਂਕਿ ਪੰਜਾਬ ਸਰਕਾਰ ਨੇ ਮਜਬੂਤੀ ਨਾਲ ਪਰਵਾਸੀ ਭਾਰਤੀਆਂ ਦੀ ਬਾਂਹ ਫੜੀ ਹੈ।


ਇਸ ਦੌਰਾਨ ਜੋਗਿੰਦਰ ਸੰਧੂ ਜੋ ਕਿ ਲੰਬੇ ਸਮੇਂ ਤੋਂ ਫਰਾਂਸ ਵਿੱਚ ਵਸੇ ਹਨ ਅਤੇ ਹੁਸ਼ਿਆਰਪੁਰ ਨਾਲ ਸਬੰਧ ਰੱਖਦੇ ਹਨ। ਉਨ੍ਹਾਂ ਕਿਹਾ ਕਿ ਐਨ.ਆਰ. ਆਈ. ਮਿਲਣੀ ਪੰਜਾਬ ਸਰਕਾਰ ਦਾ ਨਿਵੇਕਲਾ ਉਪਰਾਲਾ ਹੈ ਅਤੇ ਉਨ੍ਹਾਂ ਨੂੰ ਆਸ ਹੈ ਕਿ ਪੰਜਾਬ ਸਰਕਾਰ ਉਨ੍ਹਾਂ ਦੇ ਮਸਲਿਆਂ ਦਾ ਸਮਾਂਬੱਧ ਤਰੀਕੇ ਨਾਲ ਹੱਲ ਕਰੇਗੀ।

ਹੁਸ਼ਿਆਰਪੁਰ ਦੇ ਦਸੂਹਾ ਸਬ ਡਿਵੀਜ਼ਨ ਦੇ ਪਿੰਡ ਨਿਹਾਲਪੁਰ ਦੇ ਰਹਿਣ ਵਾਲੇ ਡਾ. ਹਰਮਿੰਦਰ ਸਿੰਘ ਯੂ.ਐਸ.ਏ. ਦੇ ਕੈਲੇਫੋਰਨੀਆ ਵਿੱਚ ਵਸੇ ਹਨ ਅਤੇ ਪਹਿਲੀ ਵਾਰ ਪਰਵਾਸੀ ਭਾਰਤੀ ਮਿਲਣੀ ਵਿੱਚ ਸ਼ਾਮਲ ਹੋਏ ਹਨ। ਉਨ੍ਹਾਂ ਕਿਹਾ ਕਿ ਹਰੇਕ ਐਨ.ਆਰ.ਆਈ. ਆਪਣੀਆਂ ਜੜ੍ਹਾਂ ਨਾਲ ਜੁੜਿਆ ਹੈ ਅਤੇ ਪੰਜਾਬ ਦੀ ਖੁਸਹਾਲੀ ਨਾਲ ਸਰਕਾਰ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਾ ਹੈ।


ਅਜਨਾਲਾ ਦੇ ਰਹਿਣ ਵਾਲੇ ਗੁਰਵਿੰਦਰ ਸਿੰਘ ਜੋ ਕਿ ਕੈਨੇਡਾ ਵਿੱਚ ਵਸੇ ਹਨ, ਨੇ ਕਿਹਾ ਕਿ ਇਸ ਪੰਜਾਬੀ ਐਨ.ਆਰ.ਆਈ. ਮਿਲਣੀ ਵਿੱਚ ਜਿੱਥੇ ਉਹ ਸਰਕਾਰ ਦਾ ਧੰਨਵਾਦ ਕਰਨ ਪਹੁੰਚੇ ਹਨ, ਉੱਥੇ ਆਪਣੀਆਂ ਸਮੱਸਿਆਵਾਂ ਵੀ ਲੈ ਕੇ ਆਏ ਹਨ ਅਤੇ ਉਨ੍ਹਾਂ ਨੂੰ ਪੂਰੀ ਆਸ ਹੈ ਕਿ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਜਲਦ ਹੱਲ ਹੋਵੇਗਾ।


ਕੈਨੇਡਾ ਵਿਚ ਵਸੇ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਡਾ. ਰਾਜੇਸ਼ ਕਾਲੀਆ ਨੇ ਕਿਹਾ ਕਿ ਉਹ ਪਹਿਲੀ ਵਾਰ ਆਪਣੀ ਸਮੱਸਿਆ ਲੈ ਕੇ ਐਨ.ਆਰ.ਆਈ ਮਿਲਣੀ ਵਿੱਚ ਆਏ ਹਨ। ਉਨ੍ਹਾਂ ਕਿਹਾ ਕਿ ਜਦੋਂ ਦੀ ਸੂਬੇ ਵਿੱਚ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਬਣੀ ਹੈ, ਉਦੋਂ ਤੋਂ ਹੀ ਨਾ ਸਿਰਫ ਪੰਜਾਬ ਵਾਸੀਆਂ ਦਾ ਬਲਕਿ ਵਿਦੇਸ਼ਾਂ ਵਿੱਚ ਵਸੇ ਪੰਜਾਬੀਆਂ ਦਾ ਵੀ ਪੰਜਾਬ ਸਰਕਾਰ ਦੇ ਲਈ ਵਿਸ਼ਵਾਸ ਵਧਿਆ ਹੈ। ਉਨ੍ਹਾਂ ਕਿਹਾ ਕਿ ਹਰੇਕ ਐਨ.ਆਰ.ਆਈ. ਮਹਿਸੂਸ ਕਰ ਰਿਹਾ ਹੈ ਕਿ ਉਸ ਦੇ ਮਸਲੇ ਛੇਤੀ ਤੋਂ ਛੇਤੀ ਹੱਲ ਹੋਣਗੇ।

16 ਸਾਲ ਤੋਂ ਫਰਾਂਸ ਵਿੱਚ ਵਸੇ ਜਲੰਧਰ ਦੇ ਕੁਲਵਿੰਦਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਰਵਾਸ ਨੂੰ ਪੁੱਠਾ ਗੇੜ ਆਉਣ ਦੀ ਗੱਲ ਕਹੀ ਸੀ ਅਤੇ ਇਸ ਗੱਲ ਨੂੰ ਸੱਚ ਸਿੱਧ ਕੀਤਾ ਹੈ। ਉਨ੍ਹਾਂ ਕਿਹਾ ਕਿ ਅਸੀਂ ਪੰਜਾਬ ਵਿੱਚ ਮੁੜ ਕੇ ਵਸਣਾ ਚਾਹੁੰਦੇ ਹਾਂ ਅਤੇ ਇਸ ਦਾ ਸਿਹਰਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਉਸਾਰੂ ਸੋਚ ਨੂੰ ਜਾਂਦਾ ਹੈ।












ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664








**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**






**ਖਾਲ੍ਹੀ ਹੱਥ ਬਜਟ**

# ਸਿਹਤ, ਸਿੱਖਿਆ ਅਤੇ ਸਮਾਜਿਕ ਖੇਤਰਾਂ ਵਿੱਚ ਵਿਆਪਕ ਸੁਧਾਰਾਂ ਦੀ ਲੋੜ

*2024 ਦਾ ਅੰਤਰਿਮ ਬਜਟ ਇੱਕ ਪ੍ਰਸ਼ਾਸਕੀ ਪਰੰਪਰਾ ਹੈ ਕਿਉਂਕਿ ਪੂਰਾ ਬਜਟ ਜੁਲਾਈ ਵਿੱਚ ਆਵੇਗਾ, ਜਿਸ ਉੱਤੇ ਨਵੀਂ ਸਰਕਾਰ ਦਾ ਰਿਪੋਰਟ ਕਾਰਡ ਸਾਫ਼ ਨਜ਼ਰ ਆਵੇਗਾ। ਕਾਰੋਬਾਰਾਂ ਨੂੰ ਵਧਣ-ਫੁੱਲਣ, ਵਾਤਾਵਰਨ ਨਾਲ ਸਬੰਧਤ ਮੁੱਦਿਆਂ 'ਤੇ ਧਿਆਨ ਕੇਂਦਰਿਤ ਕਰਨ ਅਤੇ ਸਮਾਜ ਦੇ ਹਾਸ਼ੀਏ 'ਤੇ ਪਏ ਤਬਕੇ ਦੇ ਵਿਕਾਸ ਲਈ ਇੱਕ ਯੋਗ ਮਾਹੌਲ ਬਣਾਉਣ ਦੀ ਲੋੜ ਹੈ। ਇਹ ਯਕੀਨੀ ਬਣਾਉਣ ਲਈ ਵਿਕਾਸ ਦੀ ਗੁਣਵੱਤਾ 'ਤੇ ਧਿਆਨ ਕੇਂਦਰਤ ਕਰੋ ਕਿ ਵਿਕਾਸ ਬਰਾਬਰ, ਟਿਕਾਊ ਅਤੇ ਹਰਿਆ ਭਰਿਆ ਹੋਵੇ। ਸਰਕਾਰ ਨੂੰ ਵੱਡੀਆਂ ਯੋਜਨਾਵਾਂ 'ਤੇ ਧਿਆਨ ਦੇਣ ਦੀ ਬਜਾਏ ਸਿਹਤ, ਸਿੱਖਿਆ ਅਤੇ ਸਮਾਜਿਕ ਖੇਤਰਾਂ 'ਚ ਵਿਆਪਕ ਸੁਧਾਰਾਂ 'ਤੇ ਧਿਆਨ ਦੇਣ ਦੀ ਲੋੜ ਹੈ। ਹਾਲਾਂਕਿ ਇਹ ਗਰੀਬਾਂ ਲਈ ਮਹੱਤਵਪੂਰਨ ਯੋਜਨਾਵਾਂ ਹਨ, ਪਰ ਇਹ ਇਸ ਤੱਥ ਤੋਂ ਦੂਰ ਨਹੀਂ ਹੈ ਕਿ ਸਿਹਤ, ਸਿੱਖਿਆ ਅਤੇ ਸਮਾਜਿਕ ਸੁਰੱਖਿਆ ਦੇ ਬਜਟ ਬਹੁਤ ਨਾਕਾਫ਼ੀ ਹਨ, ਭਾਵੇਂ ਕਿ ਇਹ ਸੇਵਾਵਾਂ ਮਾੜੇ ਬੁਨਿਆਦੀ ਢਾਂਚੇ, ਵੱਡੀਆਂ ਖਾਲੀ ਅਸਾਮੀਆਂ ਅਤੇ ਨਾਕਾਫ਼ੀ ਸਰੋਤਾਂ ਤੋਂ ਪੀੜਤ ਹਨ।*

*-ਪ੍ਰਿਅੰਕਾ ਸੌਰਭ*

